ਸੋਰਠਿ ਮਹਲਾ ੫ ॥ ਸਾਧੂ ਸੰਗਿ ਭਇਆ ਮਨਿ ਉਦਮੁ ਨਾਮੁ ਰਤਨੁ ਜਸੁ ਗਾਈ ॥ ਮਿਟਿ ਗਈ ਚਿੰਤਾ ਸਿਮਰਿ ਅਨੰਤਾ ਸਾਗਰੁ ਤਰਿਆ ਭਾਈ ॥ ੧॥ ਹਿਰਦੈ ਹਰਿ ਕੇ ਚਰਣ ਵਸਾਈ ॥ ਸੁਖੁ ਪਾਇਆ ਸਹਜ ਧੁਨਿ ਉਪਜੀ ਰੋਗਾ ਘਾਣਿ ਮਿਟਾਈ ॥ ਰਹਾਉ ॥ ਕਿਆ ਗੁਣ ਤੇਰੇ ਆਖਿ ਵਖਾਣਾ ਕੀਮਤਿ ਕਹਣੁ ਨ ਜਾਈ ॥ ਨਾਨਕ ਭਗਤ ਭਏ ਅਬਿਨਾਸੀ ਅਪੁਨਾ ਪ੍ਰਭੁ ਭਇਆ ਸਹਾਈ ॥ ੨॥੧੩॥੪੧॥ {ਪੰਨਾ 619}

ਪਦਅਰਥ:- ਸਾਧੂ ਸੰਗਿ—ਗੁਰੂ ਦੀ ਸੰਗਤਿ ਵਿਚ। ਮਨਿ—ਮਨ ਵਿਚ। ਜਸੁ—ਸਿਫ਼ਤਿ-ਸਾਲਾਹ ਦਾ ਗੀਤ। ਗਾਈ—ਗਾਏ, ਗਾਉਣ ਲੱਗ ਪੈਂਦਾ ਹੈ। ਸਿਮਰਿ—ਸਿਮਰ ਕੇ। ਅਨੰਤਾ—ਬੇਅੰਤ ਪ੍ਰਭੂ। ਸਾਗਰੁ—ਸਮੁੰਦਰ। ਭਾਈ—ਹੇ ਭਾਈ!।1।

ਹਿਰਦੈ—ਹਿਰਦੇ ਵਿਚ। ਵਸਾਈ—ਵਸਾਇ, ਟਿਕਾ ਰੱਖ। ਸਹਜ ਧੁਨਿ—ਆਤਮਕ ਅਡੋਲਤਾ ਦੀ ਰੌ। ਘਾਣਿ—ਘਾਣੀ, ਢੇਰ। ਰਹਾਉ।

ਆਖਿ—ਆਖ ਕੇ। ਵਖਾਣਾ—ਵਖਾਣਾਂ, ਮੈਂ ਦੱਸਾਂ। ਅਬਿਨਾਸੀ—ਨਾਸ-ਰਹਿਤ, ਆਤਮਕ ਮੌਤ ਤੋਂ ਰਹਿਤ।

ਅਰਥ:- ਹੇ ਭਾਈ! ਆਪਣੇ ਹਿਰਦੇ ਵਿਚ ਪਰਮਾਤਮਾ ਦੇ ਚਰਨ ਟਿਕਾਈ ਰੱਖ (ਨਿਮ੍ਰਤਾ ਵਿਚ ਰਹਿ ਕੇ ਪਰਮਾਤਮਾ ਦਾ ਸਿਮਰਨ ਕਰਿਆ ਕਰ)। (ਜਿਸ ਨੇ ਭੀ ਇਹ ਉੱਦਮ ਕੀਤਾ ਹੈ, ਉਸ ਨੇ) ਆਤਮਕ ਆਨੰਦ ਪ੍ਰਾਪਤ ਕਰ ਲਿਆ, (ਉਸ ਦੇ ਅੰਦਰ) ਆਤਮਕ ਅਡੋਲਤਾ ਦੀ ਰੌ ਪੈਦਾ ਹੋ ਗਈ, (ਉਸ ਨੇ ਆਪਣੇ ਅੰਦਰੋਂ) ਰੋਗਾਂ ਦੇ ਢੇਰ ਮਿਟਾ ਲਏ। ਰਹਾਉ।

ਹੇ ਭਾਈ! ਗੁਰੂ ਦੀ ਸੰਗਤਿ ਵਿਚ ਰਿਹਾਂ ਮਨ ਵਿਚ ਉੱਦਮ ਪੈਦਾ ਹੁੰਦਾ ਹੈ, (ਮਨੁੱਖ) ਸ੍ਰੇਸ਼ਟ ਨਾਮ ਜਪਣ ਲੱਗ ਪੈਂਦਾ ਹੈ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਣ ਲੱਗ ਪੈਂਦਾ ਹੈ। ਬੇਅੰਤ ਪ੍ਰਭੂ ਦਾ ਸਿਮਰਨ ਕਰ ਕੇ ਮਨੁੱਖ ਦੀ ਚਿੰਤਾ ਮਿਟ ਜਾਂਦੀ ਹੈ, ਮਨੁੱਖ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ।1।

ਹੇ ਪ੍ਰਭੂ! ਮੈਂ ਤੇਰੇ ਕੇਹੜੇ ਕੇਹੜੇ ਗੁਣ ਬਿਆਨ ਕਰ ਕੇ ਦੱਸਾਂ? ਤੇਰਾ ਮੁੱਲ ਦੱਸਿਆ ਨਹੀਂ ਜਾ ਸਕਦਾ (ਤੂੰ ਕਿਸੇ ਦੁਨੀਆਵੀ ਪਦਾਰਥ ਦੇ ਵੱਟੇ ਤੋਂ ਨਹੀਂ ਮਿਲ ਸਕਦਾ)। ਹੇ ਨਾਨਕ! ਪਿਆਰਾ ਪ੍ਰਭੂ ਜਿਨ੍ਹਾਂ ਮਨੁੱਖਾਂ ਦਾ ਮਦਦਗਾਰ ਬਣਦਾ ਹੈ, ਉਹ ਭਗਤ-ਜਨ ਆਤਮਕ ਮੌਤ ਤੋਂ ਰਹਿਤ ਹੋ ਜਾਂਦੇ ਹਨ।2।13। 41।